SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 198 | Thursday, October 26, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਗਾਜ਼ਾ ਵਿੱਚ ਜਾਰੀ ਰਹਿਣੀ ਚਾਹੀਦੀ ਹੈ ਮਨੁੱਖਤਾਵਾਦੀ ਮਦਦ : ਟਰੂਡੋ

ਓਟਵਾ, 25 ਅਕਤੂਬਰ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਮੰਗਲਵਾਰ ਨੂੰ ਆਖਿਆ ਕਿ ਕੈਨੇਡਾ ਇਸ ਪੱਖ ਵਿੱਚ ਹੈ ਕਿ ਇਜ਼ਰਾਈਲ-ਹਮਸ ਜੰਗ ਦੌਰਾਨ ਥੋੜ੍ਹੀ ਦੇਰ ਲਈ ਠਹਿਰਾਵ ਆਉਣ ਦੇਣਾ ਚਾਹੀਦਾ ਹੈ ਤਾਂ ਕਿ ਮਨੁੱਖਤਾਵਾਦੀ ਮਦਦ ਕੀਤੀ ਜਾ ਸਕੇ। ਇਸ ਦੇ ਨਾਲ ਹੀ ਸਿਵੀਲੀਅਨਜ਼ ਨੂੰ ਮਦਦ ਵੀ ਮੁਹੱਈਆ ਕਰਵਾਈ ਜਾ ਸਕੇ।




ਟਰੂਡੋ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਖਿਆ ਕਿ ਅਸੀਂ ਨਹੀਂ ਚਾਹੁੰਦੇ ਕਿ ਆਮ ਨਾਗਰਿਕਾਂ ਦਾ ਇਸ ਜੰਗ ਵਿੱਚ ਘਾਣ ਹੋਵੇ। ਇਸੇ ਲਈ ਅਸੀਂ ਆਪਣੇ ਭਾਈਵਾਲਾਂ ਨਾਲ ਰਲ ਕੇ ਮਨੁੱਖਤਾਵਾਦੀ ਗਲਿਆਰੇ ਕਾਇਮ ਕਰਨ ਦੀ ਕੋਸ਼ਿਸ਼ ਕਰ ਰਹੇ ਹਾਂ। ਜ਼ਿਕਰਯੋਗ ਹੈ ਕਿ ਇਸ ਤਰ੍ਹਾਂ ਦੀ ਕਾਫੀ ਗੱਲਬਾਤ ਇਸ ਸਮੇਂ ਚੱਲ ਰਹੀ ਹੈ।

ਟਰੂਡੋ ਵੱਲੋਂ ਇਹ ਟਿੱਪਣੀ ਉਸ ਸਮੇਂ ਕੀਤੀ ਗਈ ਜਦੋਂ ਅਮਰੀਕਾ ਤੇ ਹੋਰ ਗਲੋਬਲ ਤਾਕਤਾਂ ਨੇ ਗਾਜ਼ਾ ਪੱਟੀ ਵਿੱਚ ਮਦਦ ਜਾਰੀ ਰੱਖਣ ਦੀ ਮੰਗ ਕੀਤੀ। ਇਹ ਤਾਕਤਾਂ ਨਹੀਂ ਚਾਹੁੰਦੀਆਂ ਕਿ ਇਹ ਸੰਕਟ ਹੋਰ ਡੂੰਘਾ ਹੋਵੇ।

## ਨਾਗੌਰਨੋ-ਕਾਰਾਬਾਖ਼, ਗਾਜ਼ਾ, ਵੈਸਟ ਬੈਂਕ ਤੇ ਇਜ਼ਰਾਈਲ ਲਈ ਹੋਰ ਮਨੁੱਖਤਾਵਾਦੀ ਮੱਦਦ ਭੇਜੇਗਾ ਕੈਨੇਡਾ

ਓਟਵਾ, 25 ਅਕਤੂਬਰ (ਪੋਸਟ ਬਿਊਰੋ) : ਯੂਰਪ ਤੇ ਮੱਧ ਪੂਰਬ ਵਿੱਚ ਚੱਲ ਰਹੇ ਸੰਘਰਸ਼ ਕਾਰਨ ਪ੍ਰਭਾਵਿਤ ਹੋ ਰਹੇ ਕਈ ਮਿਲੀਅਨ ਲੋਕਾਂ ਦੀ ਮਦਦ ਲਈ ਕੈਨੇਡਾ ਵੱਲੋਂ ਹੋਰ ਫੰਡਾਂ ਦਾ ਐਲਾਨ ਕੀਤਾ ਗਿਆ ਹੈ।

ਵਿਦੇਸ਼ ਮੰਤਰੀ ਮਿਲੇਨੀ ਜੋਲੀ ਨੇ ਅਰਮੇਨੀਆ ਵਿੱਚ ਰਫਿਊਜੀ ਸੰਕਟ ਦੌਰਾਨ ਮਦਦ ਲਈ ਇੱਕ ਮਿਲੀਅਨ ਡਾਲਰ ਦੇਣ ਦਾ ਐਲਾਨ ਕੀਤਾ ਹੈ। ਅਜ਼ਰਬਾਇਜਾਨ ਨਾਲ ਤਣਾਅ ਵਧਣ ਤੋਂ ਬਾਅਦ ਸੈਂਕੜੇ ਲੋਕ ਨਾਗੌਰਨੋ-ਕਾਰਾਬਾਖ਼ ਤੋਂ ਹਿਜ਼ਰਤ ਕਰ ਰਹੇ ਹਨ। ਆਪਣੇ ਅਰਮੇਨੀਆ ਦੌਰੇ ਦੌਰਾਨ ਇੱਕ ਬਿਆਨ ਜਾਰੀ ਕਰਕੇ ਜੋਲੀ ਨੇ ਆਖਿਆ ਕਿ ਇਸ ਸੰਕਟ ਤੋਂ ਬਚਣ




ਲਈ ਉੱਥੋਂ ਭੱਜ ਰਹੇ ਲੋਕਾਂ ਨੂੰ ਪਨਾਹ ਦੇਣ ਲਈ ਅਰਮੇਨੀਆ ਵੱਲੋਂ ਜਿਹੜਾ ਹੰਭਲਾ ਮਾਰਿਆ ਗਿਆ ਹੈ ਉਸ ਲਈ ਕੈਨੇਡਾ ਇਸ ਦਾ ਸ਼ੁਕਰਗੁਜ਼ਾਰ ਹੈ। ਉਨ੍ਹਾਂ ਆਖਿਆ ਕਿ ਭਾਵੇਂ ਇਨ੍ਹਾਂ ਦੇਸ਼ਾਂ ਵੱਲੋਂ ਮਦਦ ਲਈ ਆਪਣੇ ਦਰਵਾਜ਼ੇ ਖੋਲ੍ਹੇ ਗਏ ਹਨ ਪਰ ਇਹ ਇੱਕਲੇ ਐਨੇ ਲੋਕਾਂ ਦੀ ਮਦਦ ਨਹੀਂ ਕਰ ਸਕਦੇ। ਇਸ ਲਈ ਅਸੀਂ ਵੀ ਬਣਦਾ ਯੋਗਦਾਨ ਪਾਉਣਾ ਚਾਹੁੰਦੇ ਹਾਂ।

ਕੈਨੇਡਾ ਵੱਲੋਂ ਅਰਮੇਨੀਆ ਦੇ ਰਫਿਊਜੀਆਂ ਲਈ ਫੂਡ, ਸ਼ੈਲਟਰ ਤੇ ਪ੍ਰੋਟੈਕਸ਼ਨ ਸਰਵਿਸਿਜ਼ ਵਾਸਤੇ ਕੁੱਲ 3.9 ਮਿਲੀਅਨ ਡਾਲਰ ਦੀ ਮਦਦ ਦੇਣ ਦਾ ਵਾਅਦਾ ਕੀਤਾ ਗਿਆ ਹੈ। ਇਸ ਤੋਂ ਇਲਾਵਾ ਇੰਟਰਨੈਸ਼ਨਲ ਡਿਵੈਲਪਮੈਂਟ ਮੰਤਰੀ ਅਹਿਮਦ ਹੁਸੈਨ ਨੇ ਗਾਜ਼ਾ, ਵੈਸਟ ਬੈਂਕ, ਇਜ਼ਰਾਈਲ ਤੇ ਇਸ ਦੇ ਆਲੇ ਦੁਆਲੇ ਦੇ ਇਲਾਕਿਆਂ ਵਿੱਚ ਛਿੜੀ ਇਜ਼ਰਾਈਲ-ਹਮਸ ਜੰਗ ਤੋਂ ਪ੍ਰਭਾਵਿਤ ਲੋਕਾਂ ਦੀ ਮਦਦ ਲਈ 10 ਮਿਲੀਅਨ ਡਾਲਰ ਦੀ ਮਦਦ ਦਾ ਐਲਾਨ ਕੀਤਾ। 7 ਅਕਤੂਬਰ ਨੂੰ ਹਮਸ ਵੱਲੋਂ ਇਜ਼ਰਾਈਲ ਉੱਤੇ ਕੀਤੇ ਗਏ ਹਮਲੇ ਤੋਂ ਲੈ ਕੇ ਹੁਣ ਤੱਕ ਕੈਨੇਡਾ ਮਦਦ ਵਜੋਂ 60 ਮਿਲੀਅਨ ਡਾਲਰ ਦੇਣ ਦਾ ਤਹੱਈਆ ਪ੍ਰਗਟਾਅ ਚੁੱਕਿਆ ਹੈ। ਇਹ ਰਕਮ ਐਮਰਜੰਸੀ ਮੈਡੀਕਲ ਇਲਾਜ, ਪ੍ਰੋਟੈਕਸਨ ਸਰਵਿਸਿਜ਼, ਫੂਡ, ਪਾਣੀ ਤੇ ਹੋਰ ਜ਼ਿੰਦਗੀ ਬਚਾਉਣ ਵਾਲੀਆਂ ਚੀਜ਼ਾਂ ਵਾਸਤੇ ਦਿੱਤੀ ਜਾਵੇਗੀ।

## ਚੋਰੀ ਕੀਤੀਆਂ ਗਈਆਂ 1000 ਤੋਂ ਵੱਧ ਕਾਰਾਂ ਬਰਾਮਦ, 200 ਵਿਅਕਤੀ ਗ੍ਰਿਫਤਾਰ

ਟੋਰਾਂਟੋ, 25 ਅਕਤੂਬਰ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਚੋਰੀ ਕੀਤੀਆਂ ਗਈਆਂ ਗੱਡੀਆਂ ਸਬੰਧੀ ਚੱਲ ਰਹੀ ਜਾਂਚ ਦੌਰਾਨ 1000 ਕਾਰਾਂ ਬਰਾਮਦ ਕਰ ਲਈਆਂ ਗਈਆਂ ਹਨ ਤੇ ਇਸ ਸਬੰਧ ਵਿੱਚ 200 ਤੋਂ ਵੱਧ ਲੋਕਾਂ ਨੂੰ ਗ੍ਰਿਫਤਾਰ ਤੇ ਚਾਰਜ ਕੀਤਾ ਗਿਆ ਹੈ।

ਪੁਲਿਸ ਚੀਫ ਮਾਇਰੌਨ ਡੈਮਕਿਊ ਵੱਲੋਂ ਪ੍ਰੋਜੈਕਟ ਸਟੈਲੀਅਨ ਨਾਂ ਦੇ ਇਸ ਮਿਸ਼ਨ ਸਬੰਧੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਆਖਿਆ ਕਿ ਇਹ ਪ੍ਰੋਜੈਕਟ ਗੱਡੀਆਂ ਦੀਆਂ ਚੋਰੀਆਂ ਉੱਤੇ ਕੇਂਦਰਿਤ ਕੀਤਾ ਗਿਆ ਸੀ ਤੇ ਇਸ ਦੀ ਸ਼ੁਰੂਆਤ ਨਵੰਬਰ 2022 ਵਿੱਚ ਹੋਈ ਸੀ। ਪ੍ਰੋਜੈਕਟ ਸਟੈਲੀਅਨ ਸਤੰਬਰ 2023



ਵਿੱਚ ਖ਼ਤਮ ਹੋਇਆ ਤੇ ਇਸ ਦੌਰਾਨ 1000 ਤੋਂ ਵੀ ਵੱਧ ਚੋਰੀ ਦੀਆਂ ਗੱਡੀਆਂ, ਜਿਨ੍ਹਾਂ ਦੀ ਕੀਮਤ 60 ਮਿਲੀਅਨ ਡਾਲਰ ਬਣਦੀ ਸੀ, ਬਰਾਮਦ ਕੀਤੀਆਂ ਗਈਆਂ। ਇਸ ਦੇ ਨਾਲ ਹੀ 228 ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਤੇ ਉਨ੍ਹਾਂ ਉੱਤੇ 500 ਤੋਂ ਵੱਧ ਚਾਰਜਿਜ਼ ਲਾਏ ਗਏ।

ਡੈਮਕਿਊ ਨੇ ਆਖਿਆ ਕਿ 2023 ਵਿੱਚ ਹੁਣ ਤੱਕ ਟੋਰਾਂਟੋ ਵਿੱਚ 1000 ਤੋਂ ਘੱਟ ਗੱਡੀਆਂ ਚੋਰੀ ਹੋਈਆਂ ਤੇ ਪ੍ਰੋਜੈਕਟ ਸਟੈਲੀਅਨ ਦੌਰਾਨ ਦੋ ਪੁਲਿਸ ਡਵੀਜ਼ਨਾਂ ਤਹਿਤ ਆਉਂਦੇ ਇਲਾਕੇ ਵਿੱਚੋਂ 3500 ਤੋਂ ਵੱਧ ਗੱਡੀਆਂ ਚੋਰੀ ਹੋਈਆਂ। ਜਾਂਚਕਾਰਾਂ ਦਾ ਮੰਨਣਾ ਹੈ ਕਿ ਚੋਰ ਗੱਡੀਆਂ ਚੋਰੀ ਕਰਕੇ ਕਈ ਤਰ੍ਹਾਂ ਦੇ ਹੋਰ ਹਿੰਸਕ ਜੁਰਮਾਂ ਨੂੰ ਅੰਜਾਮ ਦਿੰਦੇ ਹਨ ਤੇ ਜਾਂ ਫਿਰ ਇਨ੍ਹਾਂ ਚੋਰੀ ਦੀਆਂ ਗੱਡੀਆਂ ਨੂੰ ਵਿਦੇਸ਼ਾਂ ਵਿੱਚ ਵੇਚ ਦਿੱਤਾ ਜਾਂਦਾ ਹੈ।

## ਸਿਰਫਿਰੇ ਵਿਅਕਤੀ ਵੱਲੋਂ ਅੰਨ੍ਹੇਵਾਹ ਚਲਾਈਆਂ ਗਈਆਂ ਗੋਲੀਆਂ, 16 ਹਲਾਕ, ਕਈ ਹੋਰ ਜ਼ਖ਼ਮੀ

ਲੁਈਸਟਨ, ਮੇਨ, 25 ਅਕਤੂਬਰ (ਪੋਸਟ ਬਿਊਰੋ) : ਲੁਈਸਟਨ, ਮੇਨ ਵਿੱਚ ਇੱਕ ਸਿਰਫਿਰੇ ਵੱਲੋਂ ਅੰਨ੍ਹੇਵਾਹ ਗੋਲੀਆਂ ਚਲਾ ਕੇ ਘੱਟੋ ਘੱਟ 16 ਵਿਅਕਤੀਆਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਤੇ ਕਈ ਹੋਰਨਾਂ ਨੂੰ ਜ਼ਖ਼ਮੀ ਕਰ ਦਿੱਤਾ ਗਿਆ। ਇਹ ਜਾਣਕਾਰੀ ਆਪਣਾ ਨਾਂ ਗੁਪਤ ਰੱਖਣ ਦੀ ਸ਼ਰਤ ਉੱਤੇ ਦੋ ਪੁਲਿਸ ਅਧਿਕਾਰੀਆਂ ਨੇ ਦਿੱਤੀ।

ਇਹ ਸ਼ੂਟਿੰਗ ਬੁੱਧਵਾਰ ਸ਼ਾਮ ਨੂੰ ਇੱਕ ਬਾਰ ਤੇ ਬੋਲਿੰਗ ਐਲੀ ਵਿੱਚ ਵਾਪਰੀ। ਜਾਂਚਕਾਰ ਅਜੇ ਵੀ ਜੁਰਮ ਵਾਲੀ ਥਾਂ ਦਾ ਜਾਇਜ਼ਾ ਲੈ ਰਹੇ ਹਨ ਤੇ ਸਬੂਤ ਇੱਕਠੇ ਕਰ ਰਹੇ ਹਨ। ਪੁਲਿਸ ਉਸ ਵਿਅਕਤੀ ਦੀ ਭਾਲ ਕਰ ਰਹੀ ਹੈ ਜਿਸਨੇ ਇਸ ਸ਼ੂਟਿੰਗ ਨੂੰ ਅੰਜਾਮ ਦਿੱਤਾ। ਲੁਈਸਟਨ ਪੁਲਿਸ ਨੇ ਫੇਸਬੁੱਕ ਉੱਤੇ ਪਾਈ ਗਈ ਇੱਕ



ਪੋਸਟ ਵਿੱਚ ਆਖਿਆ ਸੀ ਕਿ ਉਹ ਸੈਮੈਨਜੀਜ਼ ਬਾਰ ਐਂਡ ਗ੍ਰਿੱਲ ਤੇ ਸਪੇਅਰਟਾਈਮ ਰੀਕ੍ਰੀਏਸ਼ਨ, ਬੋਲਿੰਗ ਐਲੀ ਵਿੱਚ ਘੁੰਮ ਰਹੇ ਸ਼ੂਟਰ ਦੀ ਭਾਲ ਕਰ ਰਹੀ ਹੈ।

ਪੁਲਿਸ ਨੇ ਲੋਕਾਂ ਨੂੰ ਸੜਕਾਂ ਤੋਂ ਪਾਸੇ ਰਹਿਣ ਲਈ ਆਖਿਆ ਤਾਂ ਕਿ ਐਮਰਜੰਸੀ ਰਿਸਪਾਂਡਰਜ਼ ਜਲਦ ਤੋਂ ਜਲਦ ਜ਼ਖ਼ਮੀਆਂ ਨੂੰ ਹਸਪਤਾਲ ਲਿਜਾ ਸਕਣ। ਆਪਣੀ ਵੈੱਬਸਾਈਟ ਉੱਤੇ ਸੈਂਟਰਲ ਮੇਨ ਮੈਡੀਕਲ ਸੈਂਟਰ ਨੇ ਆਖਿਆ ਕਿ ਸ਼ੂਟਿੰਗ ਦੀ ਵੱਡੀ ਘਟਨਾ ਵਾਪਰੀ ਹੈ ਤੇ ਉਹ ਇਸ ਇਲਾਕੇ ਦੇ ਹਸਪਤਾਲਾਂ ਨਾਲ ਤਾਲਮੇਲ ਕਰਕੇ ਜ਼ਖ਼ਮੀਆਂ ਨੂੰ ਦਾਖਲ ਕਰਨ ਦੀ ਕਾਰਵਾਈ ਨੇਪਰੇ ਚੜ੍ਹਾ ਰਹੇ ਹਨ।

ਲੁਈਸਟਨ ਲਈ ਇਹ ਐਲਰਟ ਰਾਤੀਂ 8:00 ਵਜੇ ਤੋਂ ਬਾਅਦ ਜਾਰੀ ਕੀਤਾ ਗਿਆ। ਐਂਡਰੌਸਕੌਗਿਨ ਕਾਊਂਟੀ ਸ਼ੈਰਿਫ ਦੇ ਆਫਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਪੁਲਿਸ ਦੋ ਥਾਂਵਾਂ ਉੱਤੇ ਹੋਈ ਸ਼ੂਟਿੰਗ ਦੀ ਘਟਨਾ ਦੀ ਜਾਂਚ ਕਰ ਰਹੀ ਹੈ। ਸ਼ੈਰਿਫ ਆਫਿਸ ਨੇ ਆਖਿਆ ਕਿ ਮਸ਼ਕੂਕ ਅਜੇ ਵੀ ਫਰਾਰ ਹੈ। ਇਸ ਦੌਰਾਨ ਮੇਨ ਡਿਪਾਰਟਮੈਂਟ ਆਫ ਪਬਲਿਕ ਸੇਫਟੀ ਦੇ ਬੁਲਾਰੇ ਨੇ ਰੈਜ਼ੀਡੈਂਟਸ ਨੂੰ ਆਪਣੇ ਘਰਾਂ ਵਿੱਚ ਦਰਵਾਜ਼ੇ ਬੰਦ ਕਰਕੇ ਰਹਿਣ ਦੀ ਅਪੀਲ ਕੀਤੀ।

## ਬੈਂਕ ਆਫ ਕੈਨੇਡਾ ਵੱਲੋਂ ਵਿਆਜ਼ ਦਰਾਂ ਵਿੱਚ ਵਾਧਾ ਨਾ ਕੀਤੇ ਜਾਣ ਦੀ ਸੰਭਾਵਨਾ




ਓਟਵਾ, 25 ਅਕਤੂਬਰ (ਪੋਸਟ ਬਿਊਰੋ) : ਬੈਂਕ ਆਫ ਕੈਨੇਡਾ ਵੱਲੋਂ ਅੱਜ ਆਪਣੀਆਂ ਵਿਆਜ਼ ਦਰਾਂ ਦਾ ਐਲਾਨ ਕੀਤਾ ਜਾਵੇਗਾ।

ਮਾਹਿਰਾਂ ਦਾ ਕਹਿਣਾ ਹੈ ਕਿ ਸੈਂਟਰਲ ਬੈਂਕ ਆਪਣੀਆਂ ਵਿਆਜ਼ ਦਰਾਂ ਵਿੱਚ ਵਾਧਾ ਨਹੀਂ ਕਰੇਗਾ ਕਿਉਂਕਿ ਅਰਥਚਾਰੇ ਦੀ ਸਥਿਤੀ ਕਮਜ਼ੋਰ ਹੈ ਤੇ ਮਹਿੰਗਾਈ ਦੀ ਰਫਤਾਰ ਘਟੀ ਹੈ। ਇਸ ਸਮੇਂ ਵਿਆਜ਼ ਦਰਾਂ ਪੰਜ ਫੀ ਸਦੀ ਉੱਤੇ ਚੱਲ ਰਹੀਆਂ ਹਨ, ਜੋ ਕਿ 2001 ਤੋਂ ਇਸ ਸਮੇਂ ਸੱਭ ਤੋਂ ਜ਼ਿਆਦਾ ਹਨ।

ਇਸ ਦੌਰਾਨ ਕੈਨੇਡਾ ਦੀ ਸਾਲਾਨਾ ਮਹਿੰਗਾਈ ਦਰ ਸਤੰਬਰ ਵਿੱਚ 3.8 ਫੀ ਸਦੀ ਉੱਤੇ ਪਹੁੰਚ ਗਈ। ਬਹੁਤੇ ਅਰਥਸ਼ਾਸਤਰੀਆਂ ਦਾ ਮੰਨਣਾ ਹੈ ਕਿ ਵਿਆਜ਼ ਦਰਾਂ ਪਹਿਲਾਂ ਹੀ ਕਾਫੀ ਜ਼ਿਆਦਾ ਹਨ ਤੇ ਇਨ੍ਹਾਂ ਨਾਲ ਕੀਮਤਾਂ ਵਿੱਚ ਸਥਿਰਤਾ ਲਿਆਉਣਾ ਵੀ ਔਖਾ ਹੋਵੇਗਾ ਤੇ ਬੈਂਕ ਆਫ ਕੈਨੇਡਾ ਦਾ ਮਹਿੰਗਾਈ ਨੂੰ ਦੋ ਫੀ ਸਦੀ ਤੱਕ ਕਰਨ ਦਾ ਟੀਚਾ ਪੂਰਾ ਕਰਨ ਵਿੱਚ ਵੀ ਮੁਸ਼ਕਲ ਪੇਸ਼ ਆਵੇਗੀ।

## ਪੌਲੀਐਵਰ ਦੇ ਥਾਪੜੇ ਵਾਲਾ ਬਿੱਲ ਪਾਰਲੀਆਮੈਂਟ ਵਿੱਚ ਨਹੀਂ ਹੋ ਸਕਿਆ ਪਾਸ

ਓਟਵਾ, 25 ਅਕਤੂਬਰ (ਪੋਸਟ ਬਿਊਰੋ) : ਪਿਏਰ ਪੌਲੀਐਵਰ ਵੱਲੋਂ ਥਾਪੜਾ ਪ੍ਰਾਪਤ ਬਿੱਲ, ਜਿਸ ਵਿੱਚ ਪਬਲਿਕ ਸਰਵੈਂਟਸ ਲਈ ਕੋਵਿਡ-19 ਵੈਕਸੀਨ ਲਾਜ਼ਮੀ ਕਰਨ ਜਾਂ ਵੈਕਸੀਨ ਨਾ ਲਵਾਉਣ ਵਾਲੇ ਕੈਨੇਡੀਅਨ ਟਰੈਵਲਰਜ਼ ਨੂੰ ਸਫਰ ਕਰਨ ਤੋਂ ਰੋਕਣ ਦੀ ਫੈਡਰਲ ਸਰਕਾਰ ਦੀ ਨੀਤੀ ਨੂੰ ਖ਼ਤਮ ਕਰਨ ਦੀ ਗੱਲ ਕੀਤੀ ਗਈ ਸੀ, ਹਾਊਸ ਆਫ ਕਾਮਨਜ਼ ਵਿੱਚ ਪਾਸ ਨਹੀਂ ਹੋ ਸਕਿਆ।

ਬੁੱਧਵਾਰ ਨੂੰ ਇਹ ਬਿੱਲ 114 ਦੇ ਮੁਕਾ-



ਬਲੇ 205 ਵੋਟਾਂ ਨਾਲ ਦਮ ਤੋੜ ਗਿਆ, ਕਿਉਂਕਿ ਸਿਰਫ ਕੰਜ਼ਰਵੇਟਿਵ ਪਾਰਟੀ ਹੀ ਇਸ ਦਾ ਸਮਰਥਨ ਕਰਨ ਵਾਲਿਆਂ ਵਿੱਚ ਇੱਕਲੌਤੀ ਸੀ। ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਵਰਚੂਅਲ ਤੌਰ ਉੱਤੇ ਆਪਣੀ ਵੋਟ ਨਾਂਹ ਦੇ ਰੂਪ ਵਿੱਚ ਪਾਈ। ਇਹ ਪ੍ਰਾਈਵੇਟ ਮੈਂਬਰਜ਼ ਬਿੱਲ-ਸੀ-278, ਦ ਪ੍ਰਿਵੈਨਸ਼ਨ ਆਫ ਗਵਰਮੈਂਟ ਇੰਪੋਜ਼ਡ ਵੈਕਸੀਨੇਸ਼ਨ ਮੈਨਡੇਟਸ ਐਕਟ, ਨੂੰ ਪਹਿਲੀ ਵਾਰੀ ਪੌਲੀਐਵਰ ਵੱਲੋਂ ਉਸ ਸਮੇਂ ਪੇਸ਼ ਕੀਤਾ ਗਿਆ ਸੀ ਜਦੋਂ ਉਹ ਕੰਜ਼ਰਵੇਟਿਵ ਆਗੂ ਦੀ ਦੌੜ ਵਿੱਚ ਹਿੱਸਾ ਲੈ ਰਹੇ ਸਨ।

ਜਦੋਂ ਮੰਗਲਵਾਰ ਰਾਤ ਨੂੰ ਇਸ ਬਿੱਲ ਉੱਤੇ ਬਹਿਸ ਕਰਵਾਉਣ ਦਾ ਸਮਾਂ ਆਇਆ ਤਾਂ ਪੌਲੀਐਵਰ ਨੇ ਆਪਣੇ ਕੁਲੀਗਜ਼ ਨੂੰ ਇਸ ਬਿੱਲ ਨੂੰ ਪਾਸ ਕਰਨ ਦੀ ਗੁਜ਼ਾਰਿਸ਼ ਕੀਤੀ। ਪਰ ਬਿੱਲ ਪਾਸ ਨਹੀਂ ਹੋ ਸਕਿਆ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
Real Estate Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM MAGGAS MEDICAL INC.
Helping you breathe deep and rest easy.
•CPAP machines, masks and supplies
•Free consultations
•30 day mask exchange
•Free deliveries
(647) 954-9885
20 Maritime Ont Blvd Unit 15
Brampton, ON L6S 0C2

INSURANCE
Home Auto
Business Trucking
Life Insurance Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11,

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

Allstate. You're in good hands.
Insurance
Trademark used under licence by Allstate Insurance Company. 232374 | 6-23
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਪਾਕਿਸਤਾਨ 'ਚ 10 ਦਿਨਾਂ 'ਚ 300 ਤੋਂ ਵੱਧ ਉਡਾਨਾਂ ਰੱਦ ਹੋਣ ਕਾਰਨ ਯਾਤਰੀ ਹੋ ਰਹੇ ਪ੍ਰੇਸ਼ਾਨ




ਇਸਲਾਮਾਬਾਦ, 25 ਅਕਤੂਬਰ (ਪੋਸਟ ਬਿਊਰੋ): ਪਾਕਿਸਤਾਨ ਇੰਟਰਨੈਸ਼ਨਲ ਏਅਰਲਾਈਨਜ਼ ਤੇਲ ਦੀ ਅਣਉਪਲਬਤਾ ਅਤੇ ਵਿੱਤੀ ਸੰਕਟ ਕਾਰਨ ਬੰਦ ਹੋਣ ਦੀ ਕਗਾਰ 'ਤੇ ਹੈ। ਦੇਸ਼ ਵਿਚ ਪਿਛਲੇ 10 ਦਿਨਾਂ ਵਿਚ 300 ਤੋਂ ਵੱਧ ਉਡਾਨਾਂ ਰੱਦ ਕਰ ਦਿੱਤੀਆਂ ਗਈਆਂ ਹਨ। ਇੱਕ ਬੁਲਾਰੇ ਨੇ ਇਸ ਦੀ ਪੁਸ਼ਟੀ ਕੀਤੀ ਹੈ। ਪਾਕਿਸਤਾਨ ਏਅਰਲਾਈਨ ਨੂੰ ਸ਼ਾਇਦ ਹੁਣ ਤੱਕ ਦੇ ਇਤਿਹਾਸ ਵਿਚ ਸਭ ਤੋਂ ਖ਼ਰਾਬ ਸੰਕਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਾਕਿਸਤਾਨ ਸਟੇਟ ਆਇਲ (ਪੀ.ਐੱਮ.ਓ.) ਨੇ ਬਕਾਇਆ ਰਾਸ਼ੀ ਦਾ ਭੁਗਤਾਨ ਨਾ ਕਰਨ 'ਤੇ ਈਂਧਣ ਦੀ ਸਪਲਾਈ ਵਿਚ ਕਟੌਤੀ ਕਰ ਦਿੱਤੀ ਹੈ। ਇਸ ਕਦਮ ਨਾਲ ਏਅਰਲਾਈਨ ਨੂੰ 14 ਅਕਤੂਬਰ ਤੋਂ ਅੰਤਰਰਾਸ਼ਟਰੀ ਮਾਰਗਾਂ 'ਤੇ 134 ਸਮੇਤ 322 ਉਡਾਨਾਂ ਰੱਦ ਕਰਨੀਆਂ ਪਈਆਂ ਹਨ।

ਬੁਲਾਰੇ ਮੁਤਾਬਕ ਮੰਗਲਵਾਰ ਨੂੰ ਕੁੱਲ 51 ਉਡਾਨਾਂ ਰੱਦ ਕਰਨੀਆਂ ਪਈਆਂ ਸਨ। ਪਾਕਿਸਤਾਨ ਵਿਚ ਵੱਡੇ ਪੈਮਾਨੇ 'ਤੇ ਉਡਾਨਾਂ ਰੱਦ ਹੋਣ ਨਾਲ ਹਜ਼ਾਰਾਂ ਯਾਤਰੀਆਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਏਅਰਲਾਈਨ ਪ੍ਰਬੰਧਨ ਉਨ੍ਹਾਂ ਨੂੰ ਆਪਣੀਆਂ ਉਡਾਨਾਂ ਲਈ ਰਵਾਨਗੀ ਦਾ ਅਸਥਾਈ ਸਮਾਂ ਦੇਣ ਵਿਚ ਅਸਮਰਥ ਰਿਹਾ ਹੈ, ਜਿਸ ਨਾਲ ਉਨ੍ਹਾਂ ਨੂੰ ਹੋਰ ਏਅਰਲਾਈਨਾਂ ਵਿਚ ਸੀਟਾਂ ਦੀ ਭਾਲ ਕਰਨ ਲਈ ਮਜ਼ਬੂਰ ਹੋਣਾ ਪਿਆ ਹੈ। ਬੁਲਾਰੇ ਨੇ ਕਿਹਾ ਕਿ ਪ੍ਰਬੰਧਨ ਨੇ ਉਡਾਣਾਂ ਦੇ ਰੱਦ ਹੋਣ ਕਾਰਨ ਯਾਤਰੀਆਂ ਨੂੰ ਆਈਆਂ ਮੁਸ਼ਕਲਾਂ ਲਈ ਮੁਆਫੀ ਮੰਗੀ ਹੈ।

## ਭਾਰਤ-ਪਾਕਿਸਤਾਨ ਵੰਡ ਦੌਰਾਨ ਵੱਖ ਹੋਏ ਭਰਾ-ਭੈਣ 76 ਸਾਲ ਬਾਅਦ ਦੁਬਾਰਾ ਮਿਲੇ, ਸ੍ਰੀ ਕਰਤਾਰਪੁਰ ਸਾਹਿਬ ਲਾਂਘੇ 'ਤੇ ਮਿਲਕੇ ਹੋਏ ਭਾਵੁਕ



ਗੁਰਦਾਸਪੁਰ, 25 ਅਕਤੂਬਰ (ਪੋਸਟ ਬਿਊਰੋ): ਭਾਰਤ-ਪਾਕਿਸਤਾਨ ਵੰਡ ਦੌਰਾਨ ਵਿਛੜੇ ਹੋਏ ਕਰੀਬ 80 ਸਾਲਾ ਭੈਣ-ਭਰਾ 76 ਸਾਲਾਂ ਬਾਅਦ ਇਤਿਹਾਸਕ ਗਲਿਆਰੇ ਵਿੱਚ ਮਿਲੇ ਹਨ। ਮੁਹੰਮਦ ਇਸਮਾਈਲ ਅਤੇ ਉਸ ਦੀ ਚਚੇਰੀ ਭੈਣ ਸੁਰਿੰਦਰ ਕੌਰ ਲੰਬੇ ਸਮੇਂ ਬਾਅਦ ਇੱਕ ਦੂਜੇ ਨੂੰ ਮਿਲ ਕੇ ਭਾਵੁਕ ਹੋ ਗਏ। ਦੋਵਾਂ ਦੇ ਭਾਵੁਕ ਪੁਨਰ-ਮਿਲਨ ਨੂੰ ਦੇਖ ਕੇ ਮੌਕੇ 'ਤੇ ਮੌਜੂਦ ਹਰ ਕਿਸੇ ਦੀਆਂ ਅੱਖਾਂ 'ਚੋਂ ਅੱਥਰੂ ਆ ਗਏ। ਇਸ ਦੌਰਾਨ ਸ੍ਰੀ ਕਰਤਾਰਪੁਰ ਸਾਹਿਬ ਪ੍ਰਸ਼ਾਸਨ ਵੱਲੋਂ ਦੋਵਾਂ ਨੂੰ ਮਠਿਆਈਆਂ ਅਤੇ ਲੰਗਰ ਛਕਾਇਆ ਗਿਆ।

ਦੱਸ ਦੇਈਏ ਕਿ ਭਾਰਤ ਅਤੇ ਪਾਕਿਸਤਾਨ ਦੀ ਵੰਡ ਤੋਂ ਬਾਅਦ ਮੁਹੰਮਦ ਇਸਮਾਈਲ ਲਾਹੌਰ ਤੋਂ ਕਰੀਬ 200 ਕਿਲੋਮੀਟਰ ਦੂਰ ਪੰਜਾਬ ਦੇ ਸਾਹੀਵਾਲ ਜ਼ਿਲ੍ਹੇ ਵਿਚ ਰਹਿਣ ਲੱਗੇ ਸਨ। ਜਦੋਂਕਿ ਉਸ ਦੀ ਚਚੇਰੀ ਭੈਣ ਸੁਰਿੰਦਰ ਕੌਰ ਜਲੰਧਰ ਦੀ ਰਹਿਣ ਵਾਲੀ ਹੈ। ਵੰਡ ਤੋਂ ਪਹਿਲਾਂ ਦੋਵੇਂ ਪਰਿਵਾਰ ਜਲੰਧਰ ਦੇ ਸ਼ਾਹਕੋਟ ਸ਼ਹਿਰ ਵਿੱਚ ਰਹਿ ਰਹੇ ਸਨ। ਦੰਗਿਆਂ ਨੇ ਉਨ੍ਹਾਂ ਨੂੰ ਵੱਖ ਕਰ ਦਿੱਤਾ ਸੀ।

ਇਕ ਪਾਕਿਸਤਾਨੀ ਪੰਜਾਬੀ ਯੂ-ਟਿਊਬ ਚੈਨਲ ਨੇ ਇਸਮਾਈਲ ਦੀ ਕਹਾਣੀ ਸੋਸ਼ਲ ਮੀਡੀਆ 'ਤੇ ਪੋਸਟ ਕੀਤੀ, ਜਿਸ ਤੋਂ ਬਾਅਦ ਆਸਟ੍ਰੇਲੀਆ ਦੇ ਮਿਸ਼ਨ ਸਿੰਘ ਨੇ ਉਨ੍ਹਾਂ ਨਾਲ ਸੰਪਰਕ ਕੀਤਾ। ਸਿੰਘ ਨੇ ਮੁਹੰਮਦ ਇਸਮਾਈਲ ਨੂੰ ਆਪਣੀ ਚਚੇਰੀ ਭੈਣ ਕੌਰ ਦਾ ਫੋਨ ਨੰਬਰ ਦਿੱਤਾ, ਜੋ ਭਾਰਤ ਵਿੱਚ ਲਾਪਤਾ ਸੀ। ਦੋਵਾਂ ਨੇ ਇੱਕ-ਦੂਜੇ ਨਾਲ ਫੋਨ 'ਤੇ ਗੱਲ ਕੀਤੀ, ਜਿਸ ਤੋਂ ਬਾਅਦ ਉਨ੍ਹਾਂ ਦੀ ਮੁਲਾਕਾਤ ਦਾ ਰਸਤਾ ਸਾਫ ਹੋ ਗਿਆ। ਦੋਹਾਂ ਨੇ ਕਰਤਾਰਪੁਰ ਲਾਂਘੇ 'ਤੇ ਮਿਲਣ ਦਾ ਫੈਸਲਾ ਕੀਤਾ।

## ਅੱਜ ਨਾਮਾ

ਚੁੱਕ ਲਿਆ ਝੰਡਾ ਟਰੰਪ ਕਿ ਚੋਣ ਲੜਨੀ,
ਆਇਆ ਕਹਿੰਦੇ ਨੇ ਵਿੱਚ ਮੈਦਾਨ ਮੀਆਂ।
ਆਉਂਦਿਆਂ ਸਾਰ ਬਣਾਈ ਆ ਖਬਰ ਵੱਡੀ,
ਦਾਗਿਆ ਪਹਿਲਾ ਹੀ ਬੜਾ ਬਿਆਨ ਮੀਆਂ।
ਕਹਿੰਦਾ ਲੋੜ ਪਈ, ਜੇਲ੍ਹ ਵੀ ਜਾਊਂਗਾ ਮੈਂ,
ਬਣ ਗਈ ਲੋੜ ਤਾਂ ਹੋਊਂ ਕੁਰਬਾਨ ਮੀਆਂ।
ਹੋ ਰਹੀ ਭੰਡੀ ਦੀ ਮਾਸਾ ਪਰਵਾਹ ਕੋਈ ਨਾ,
ਹੋਇਆ ਵਿਸ਼ਵ ਸਭ ਪਿਆ ਹੈਰਾਨ ਮੀਆਂ।
ਲੱਥੀ-ਚੜ੍ਹੀ ਨਹੀਂ ਜਾਪ ਰਹੀ ਕੋਈ ਉਸ ਨੂੰ,
ਹਰ ਇੱਕ ਦੇਂਦਾ ਪਿਆ ਟਾਲ ਸਵਾਲ ਮੀਆਂ।
ਸਰਕਸ ਵਰਗੀ ਸਿਆਸਤ ਹੈ ਕਰਨ ਵਾਲਾ,
ਤੁਲਨਾ ਮੁਸ਼ਕਲ ਆ ਕਿਸੇ ਵੀ ਨਾਲ ਮੀਆਂ।

**ਤੀਸ ਮਾਰ ਖਾਂ**

## ਚੀਨ ਵਿਚ ਦੇਸ਼ਭਗਤੀ ਸਿੱਖਿਆ ਕਾਨੂੰਨ ਪਾਸ, 1 ਜਨਵਰੀ, 2024 ਤੋਂ ਹੋਵੇਗਾ ਲਾਗੂ



ਬੀਜਿੰਗ, 25 ਅਕਤੂਬਰ (ਪੋਸਟ ਬਿਊਰੋ): ਚੀਨ ਦੇਸ਼ ਭਗਤੀ ਦੀ ਸਿੱਖਿਆ ਨੂੰ ਉਤਸ਼ਾਹਿਤ ਕਰ ਰਿਹਾ ਹੈ। ਇਸ ਲਈ ਸਰਕਾਰ ਨੇ ਦੇਸ਼ ਭਗਤੀ ਸਿੱਖਿਆ ਐਕਟ ਪਾਸ ਕੀਤਾ ਹੈ। ਕਾਨੂੰਨ ਦਾ ਉਦੇਸ਼ ਜੀਵਨ ਦੇ ਸਾਰੇ ਪਹਿਲੂਆਂ ਵਿੱਚ ਚੀਨੀ ਨੌਜਵਾਨਾਂ ਵਿੱਚ ਰਾਸ਼ਟਰੀ ਏਕਤਾ, ਦੇਸ਼ਭਗਤੀ ਅਤੇ ਕਮਿਊਨਿਸਟ ਪਾਰਟੀ ਪ੍ਰਤੀ ਵਫ਼ਾਦਾਰੀ ਪੈਦਾ ਕਰਨਾ ਹੈ।

ਚੀਨ ਦੇ ਸਰਕਾਰੀ ਮੀਡੀਆ ਸਿਨਹੂਆ ਮੁਤਾਬਕ ਇਹ ਕਾਨੂੰਨ ਸਕੂਲਾਂ ਅਤੇ ਕਾਲਜਾਂ ਵਿੱਚ ਦੇਸ਼ ਭਗਤੀ ਨਾਲ ਜੁੜੀਆਂ ਗੱਲਾਂ ਪੜ੍ਹਾਉਣ ਦੀ ਕਾਨੂੰਨੀ ਗਾਰੰਟੀ ਦਿੰਦਾ ਹੈ। ਇਹ ਵੀ ਕਿਹਾ ਗਿਆ ਕਿ ਕੁਝ ਲੋਕ ਦੇਸ਼ ਭਗਤੀ ਭੁੱਲ ਰਹੇ ਹਨ, ਉਨ੍ਹਾਂ ਨੂੰ ਇਸ ਬਾਰੇ ਜਾਗਰੂਕ ਕਰਨ ਦੀ ਲੋੜ ਹੈ। ਇਹ ਕਾਨੂੰਨ 1 ਜਨਵਰੀ 2024 ਤੋਂ ਲਾਗੂ ਹੋਵੇਗਾ।

ਸਰਕਾਰ ਦਾ ਕਹਿਣਾ ਹੈ ਕਿ ਇਸ ਕਾਨੂੰਨ ਦੀ ਲੋੜ ਇਤਿਹਾਸਕ ਨਾਈਲਿਜ਼ਮ ਵਰਗੀਆਂ ਚੁਣੌਤੀਆਂ ਦਾ ਮੁਕਾਬਲਾ ਕਰਨ ਲਈ ਸੀ। ਚੀਨ ਵਿੱਚ, ਜਦੋਂ ਲੋਕ ਕਮਿਊਨਿਸਟ ਪਾਰਟੀ ਵਿੱਚ ਵਿਸ਼ਵਾਸ ਗੁਆਉਣਾ ਸ਼ੁਰੂ ਕਰ ਦਿੰਦੇ ਹਨ ਜਾਂ ਪਾਰਟੀ ਦੀ ਸਮਰੱਥਾ 'ਤੇ ਸ਼ੱਕ ਕਰਨ ਲੱਗਦੇ ਹਨ, ਤਾਂ ਇਸਨੂੰ ਇਤਿਹਾਸਕ ਨਾਈਲਿਜ਼ਮ ਕਿਹਾ ਜਾਂਦਾ ਹੈ।

ਸਰਕਾਰ ਨੇ ਕਿਹਾ ਕਿ ਦੇਸ਼ ਭਗਤੀ ਨੂੰ ਉਤਸ਼ਾਹਿਤ ਕਰਦੇ ਹੋਏ ਕਾਨੂੰਨ ਤਰਕਸ਼ੀਲ, ਸਮਾਵੇਸ਼ੀ ਅਤੇ ਖੁੱਲ੍ਹੇ ਵਿਚਾਰਾਂ ਵਾਲਾ ਹੈ। ਇਹ ਦੇਸ਼ ਨੂੰ ਦੁਨੀਆਂ ਨਾਲ ਜੋੜਨ ਅਤੇ ਹੋਰ ਸਭਿਅਤਾਵਾਂ ਨੂੰ ਗਲੇ ਲਗਾਉਣ ਦੀ ਲੋੜ 'ਤੇ ਜ਼ੋਰ ਦਿੰਦਾ ਹੈ। ਕਾਨੂੰਨ ਅਨੁਸਾਰ, ਦੇਸ਼ ਭਗਤੀ ਦੀ ਸਿੱਖਿਆ ਦੂਜੇ ਦੇਸ਼ਾਂ ਦੇ ਇਤਿਹਾਸ ਅਤੇ ਸੱਭਿਆਚਾਰਕ ਪ੍ਰੰਪਰਾਵਾਂ ਦਾ ਸਨਮਾਨ ਕਰਦੀ ਹੈ ਅਤੇ ਮਨੁੱਖੀ ਸਭਿਅਤਾ ਦੀਆਂ ਸਾਰੀਆਂ ਪ੍ਰਾਪਤੀਆਂ ਤੋਂ ਪ੍ਰੇਰਿਤ ਹੈ।





















# ਕਲੀਵਵਿਊ ਸੀਨੀਅਰਜ਼ ਕਲੱਬ ਦੇ ਮੈਂਬਰਾਂ ਵਲੋਂ ਪਾਰਕ ਦੀ ਸਫਾਈ







ਬਰੈਂਪਟਨ: (ਡਾ ਬਲਜਿੰਦਰ ਸਿੰਘ ਸੇਖੋਂ) ਕਲੀਵ ਵਿਊ ਕਲੋਨੀ ਵਿੱਚ ਤਕਰੀਬਨ 400 ਨਵੇਂ ਘਰ ਬਣੇ ਹਨ ਅਤੇ ਸਾਰੇ ਵਾਸੀਆਂ ਲਈ ਇੱਥੇ ਇੱਕ ਹੀ ਪਾਰਕ ਹੈ, ਉਮੀਦ ਹੈ ਕਿ ਜਦ ਇਨ੍ਹਾਂ ਘਰਾਂ ਦੇ ਉੱਤਰ ਵੱਲ ਹੋਰ ਘਰ ਬਣਨ ਲੱਗੇ ਤਾਂ ਕੋਈ ਹੋਰ ਵੱਡਾ ਪਾਰਕ ਇਸ ਇਲਾਕੇ ਵਿੱਚ ਬਣੇਗਾ। ਸਿਟੀ ਦੇ ਵਰਕਰਾਂ ਵਲੋਂ ਇਥੇ ਲਾਏ ਦਰਖਤਾਂ ਅਤੇ ਬੂਟਿਆਂ ਦਾ ਜਰੂਰੀ ਰੱਖ ਰਖਾਵ ਤਾਂ ਕੀਤਾ ਜਾਂਦਾ ਹੈ, ਪਰ ਇੱਕ ਚੰਗੇ ਖੂਬਸੂਰਤ ਪਾਰਕ ਦੀ ਦਿੱਖ ਦੇਣ ਲਈ ਬੂਟਿਆਂ ਦੇ ਆਲੇ ਦੁਆਲੇ ਨਦੀਨਾਂ ਦੀ ਸਫਾਈ ਜਾਂ ਫਿਰ ਵਧੀਆਂ ਸਾਫ ਸੁਥਰੇ ਬੰਨੇ ਨਹੀਂ ਬਣਾਏ ਜਾਂਦੇ ਜਿਸ ਕਾਰਨ ਪਾਰਕ ਦੇ ਇਹ ਥਾਂ ਪਾਰਕ ਦੀ ਥਾਂ ਉਜਾੜ ਲਗਦੇ ਹਨ। ਇਸ ਬਾਰੇ ਜਦ ਇਸ ਇਲਾਕੇ ਵਿੱਚ ਸਰਗਰਮ ਕਲੀਵਵਿਊ ਸੀਨੀਅਰਜ਼ ਕਲੱਬ ਦੀ ਕਾਰਜਕਰਨੀ ਵਿੱਚ ਵਿਚਾਰ ਵਟਾਂਦਰਾ ਹੋਇਆ ਤਾਂ ਫੈਸਲਾ ਕੀਤਾ ਗਿਆ ਕਿ ਇਹ ਕੰਮ ਚੁਸਤ, ਫੁਰਤੀਲੇ ਉੱਦਮੀ ਮੈਂਬਰਾਂ ਨੂੰ ਨਾਲ ਲਗਾ ਕੇ ਕਾਰਜਕਰਨੀ ਦੇ ਮੈਂਬਰ ਆਪ ਕਰਨਗੇ। ਇਸ ਫੈਸਲੇ ਤੋਂ ਬਾਅਦ ਹਰ ਮੰਗਲਵਾਰ ਸਵੇਰੇ ਪਹਿਲੇ ਦੋ ਪਹਿਰ ਸਾਰੇ ਇਕੱਠੇ ਰਲ ਕੇ ਇਹ ਕੰਮ ਕਰਦੇ ਹਨ।

ਇਸ ਹਫਤੇ ਕੰਮ ਨਿਪਟਾਉਣ ਲਈ ਕਲੱਬ ਦੇ 8-10 ਮੈਂਬਰ, ਪੰਜਾਬ ਤੋਂ ਲਿਆਂਦੇ ਰੰਬੇ, ਖੁਰਪੀਆਂ ਲੈ ਕੇ ਇਕੱਠੇ ਹੋਏ ਅਤੇ ਦਰੱਖਤਾਂ ਦੇ ਆਲੇ ਦੁਆਲੇ ਅਤੇ ਫੁੱਲਾਂ ਦੀਆਂ ਕਿਆਰੀਆਂ ਵਿੱਚ ਸਾਫ ਸਫਾਈ ਕਰਕੇ ਇਨ੍ਹਾਂ ਥਾਵਾਂ ਨੂੰ ਸੁੰਦਰ ਦਿੱਖ ਦੇ ਦਿੱਤੀ। ਇਸ ਸਮੇਂ ਕਾਰਜਕਰਨੀ ਦੇ ਤਕਰੀਬਨ ਸਾਰੇ ਮੈਂਬਰ ਸ਼ਾਮਿਲ ਹੋਏ ਅਤੇ ਵੱਧ ਚੜ੍ਹ ਕੇ ਕੰਮ ਕੀਤਾ। ਸ਼ਹਿਰ ਦੇ ਕਰਮਚਾਰੀ ਪਾਰਕ ਦੇ ਦੁਆਲੇ ਲਾਈ ਜਾਣ ਵਾਲੀ ਵਾੜ ਲਈ ਥਮੀਆਂ ਗੱਡਣ ਆਏ ਹੋਏ ਸਨ, ਇਸ ਨਾਲ ਪੰਜਾਬੀਆਂ ਦਾ ਟਰੈਕਟਰ ਤੇ ਚੜ੍ਹ ਫੋਟੋ ਖਿਚਾਉਣ ਦਾ ਸਬੱਬ ਵੀ ਬਣ ਗਿਆ। ਕੰਮ ਨਿਪਟਾਉਣ ਤੇ ਰਲ ਮਿਲ ਕੇ ਸਭ ਨੇ ਸਮੋਸਿਆਂ, ਬੇਸਣ, ਬਿਸਕੁਟਾਂ ਤੇ ਚਾਹ ਦਾ ਅਨੰਦ ਮਾਣਿਆਂ। ਕਲੱਬ ਬਾਰੇ ਹੋਰ ਜਾਣਕਾਰੀ ਲਈ ਗੁਰਰਸੇਵਕ ਸਿੱਧੂ (647 510 1616) ਨਾਲ ਸੰਪਰਕ ਕੀਤਾ ਜਾ ਸਕਦਾ ਹੈ।

## ਪੰਜਾਬੀ ਬੋਲੀ ਦਾ ਜ਼ਸ਼ਨ

**ਪੰਜਾਬੀ ਲੈਂਗੂਏਜ ਐਜੂਕੇਸ਼ਨ ਐਸੋਸੀਏਸ਼ਨ (ਪਲੀ) ਵਲੋਂ**

**ਕਵਾਂਟਲਿਨ ਪੌਲੇਟਿਕਨਿਕ ਯੂਨੀਵਰਸਿਟੀ (ਕੇ ਪੀ ਯੂ) ਅਤੇ ਦੀਪਕ ਬਿਨਿੰਗ ਫਾਊਂਡੇਸ਼ਨ**
ਦੇ ਸਹਿਯੋਗ ਨਾਲ

**ਸ਼ਨਿਚਰਵਾਰ 28 ਅਕਤੂਬਰ, 2023; ਬਾਅਦ ਦੁਪਹਿਰ 1 ਵਜੇ ਤੋਂ 4:30 ਵਜੇ ਤੱਕ**

ਕਵਾਂਟਲਿਨ ਪੌਲੇਟਿਕਨਿਕ ਯੂਨੀਵਰਸਿਟੀ ਦੀ ਸਪਰੂਸ ਬਿਲਡਿੰਗ ਏਟਰੀਅਮ ਵਿੱਚ
12666 - 72 ਐਵਨਿਊ, ਸਰੀ ਬੀ ਸੀ (72 ਐਵਨਿਊ ਅਤੇ 128 ਸਟਰੀਟ)

**ਪਲੀ, ਕੇ ਪੀ ਯੂ ਅਤੇ ਦੀਪਕ ਬਿਨਿੰਗ ਫਾਊਂਡੇਸ਼ਨ ਵਲੋਂ ਸੰਖੇਪ ਸ਼ਬਦ**

**ਸਥਾਨਕ ਐਲੇਮੈਂਟਰੀ ਸਕੂਲਾਂ ਵਿੱਚ ਪੰਜਾਬੀ ਪੜ੍ਹਨ ਵਾਲੇ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਬਾਰੇ ਵਿਚਾਰ ਵਟਾਂਦਰਾ**

ਪੈਨਲ ਵਿੱਚ ਹਿੱਸਾ ਲੈਣ ਵਾਲੇ:
**ਗੈਰੀ ਥਿੰਦ**, ਸਰੀ ਸਕੂਲ ਬੋਰਡ ਟਰੱਸਟੀ
**ਨਿੰਮੀ ਦੌਲਾ**, ਡੈਲਟਾ ਸਕੂਲ ਬੋਰਡ ਟਰੱਸਟੀ
**ਰਾਜ ਪੁਰੀ**, ਡਿਸਟਰਿਕਟ ਪ੍ਰਿੰਸੀਪਲ ਸੈਟਲਮੈਂਟ ਸਰਵਿਸਜ਼ ਸਰੀ ਸਕੂਲ
**ਕਿਰਨ ਤੂਰ**, ਕਿਡਜ਼ ਪਲੇਅ ਫਾਊਂਡੇਸ਼ਨ
**ਅਮਨਦੀਪ ਛੀਨਾ**, ਸਰੀ ਸਕੂਲ ਮੁਖੀ ਭਾਸ਼ਾ ਵਿਭਾਗ
**ਕੋਮਲਪ੍ਰੀਤ ਕੌਰ ਕੂਨਰ**, ਸਰੀ ਸਕੂਲ ਵਿਦਿਆਰਥਣ
**ਪ੍ਰਭਸੀਰਤ ਔਲਖ**, ਯੂਨੀਵਰਸਿਟੀ ਵਿਦਿਆਰਥਣ
ਪੈਨਲ ਸੰਚਾਲਕ: **ਗੁਰਪ੍ਰੀਤ ਕੌਰ ਬੈਂਸ**, ਐਲ ਏ ਮੈਥੇਸਿਨ ਸਕੂਲ, ਮੁਖੀ ਭਾਸ਼ਾ ਵਿਭਾਗ

**ਪੰਜਾਬੀ ਵਿਦਿਆਰਥੀਆਂ ਵਲੋਂ ਕਵਿਤਾਵਾਂ, ਗੀਤ ਅਤੇ ਕਹਾਣੀਆਂ ਦੀਆਂ ਪੇਸ਼ਕਾਰੀਆਂ**

ਪ੍ਰੋਗਰਾਮ ਸੰਚਾਲਕ - **ਗੁਰਿੰਦਰ ਮਾਨ ਅਤੇ ਹਰਮੋਹਨਜੀਤ ਪੰਧੇਰ**

ਪਲੀ ਵਲੋਂ ਸੱਭ ਨੂੰ ਖੁੱਲ੍ਹਾ ਸੱਦਾ: **ਆਓ ਮਿਲ ਕੇ ਆਪਣੀ ਮਾਂ-ਬੋਲੀ ਦੇ ਵਿਕਾਸ ਵਿੱਚ ਹਿੱਸਾ ਪਾਈਏ।**
**ਪ੍ਰੋਗਰਾਮ ਦਾ ਕੋਈ ਟਿਕਟ ਨਹੀਂ, ਫ੍ਰੀ ਪਾਰਕਿੰਗ ਅਤੇ ਚਾਹ ਪਾਣੀ ਦਾ ਪ੍ਰਬੰਧ ਹੋਵੇਗਾ**

ਪ੍ਰੋਗਰਾਮ ਬਾਰੇ ਹੋਰ ਜਾਣਕਾਰੀ ਲੈਣ ਲਈ ਸੰਪਰਕ:
ਬਲਵੰਤ ਸੰਘੇੜਾ - 604 - 836 - 8976
ਗੁਰਿੰਦਰ ਮਾਨ - 604 - 710 - 9106
ਸਾਧੂ ਬਿਨਿੰਗ - 778 - 773 - 1886
ਪਾਲ ਬਿਨਿੰਗ - 778 - 889 - 8255
Punjabi Language Education Association (PLEA)


REXDALE BODY SHOP
USED CAR SALE



CHEEMA
LOWEST PRICE IN TOWN
Towing Service Car Paint Starts $799*upto 100% Deductible Paid*

Specialization In:
★ All Kinds of Body Work
★ Auto Glass Windshield
★ Denting, Painting & Welding
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

SPECIAL PAINT JOB $779
RENTAL CAR PROVIDED



25 years of Canadian Experience
OPEN MON - SAT 9AM TO 7PM
Call Rick or Manminder Cheema: 416.749.9596 /416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com



Office: 416-654-1010

Sutton


Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com





$1,149,000

98 JOHN ST E
Bradford West Gwillimbury, Ontario L3Z1G4
A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters


97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.



CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

CAPITAL DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਰਾਹੁਲ ਗਾਂਧੀ ਨੇ ਸਤਿਆਪਾਲ ਮਲਿਕ ਦੀ ਕੀਤੀ ਇੰਟਰਵਿਊ: ਮਲਿਕ ਨੇ ਕਿਹਾ, ਮੈਂ ਲਿਖਕੇ ਦੇ ਰਿਹਾ ਹਾਂ, ਹੁਣ ਮੋਦੀ ਸਰਕਾਰ ਨਹੀਂ ਆਵੇਗੀ

ਨਵੀਂ ਦਿੱਲੀ, 25 ਅਕਤੂਬਰ (ਪੋਸਟ ਬਿਊਰੋ): ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਸਾਬਕਾ ਰਾਜਪਾਲ ਸਤਿਆਪਾਲ ਮਲਿਕ ਦੀ ਇੰਟਰਵਿਊ ਕੀਤੀ ਹੈ। ਇਸ ਵਿਚ ਉਨ੍ਹਾਂ ਨੇ ਕਿਸਾਨ ਅੰਦੋਲਨ, ਪੁਲ-ਵਾਮਾ ਹਮਲੇ ਅਤੇ ਅਡਾਨੀ ਸਮੇਤ ਕਈ ਮੁੱਦਿਆਂ 'ਤੇ ਗੱਲ ਕੀਤੀ ਅਤੇ ਕੇਂਦਰ ਸਰਕਾਰ 'ਤੇ ਨਿਸ਼ਾਨਾ ਸਾਧਿਆ।



ਇਸ ਗੱਲਬਾਤ ਨੂੰ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਸ਼ੇਅਰ ਕਰਦੇ ਹੋਏ ਰਾਹੁਲ ਗਾਂਧੀ ਨੇ ਲਿਖਿਆ ਕਿ, ਕੀ ਇਸ ਗੱਲਬਾਤ ਨਾਲ ਈਡੀ-ਸੀਬੀਆਈ ਦੀ ਭੱਜ ਦੌੜ ਵਧਾ ਦੇਵੇਗੀ?'' ਰਾਹੁਲ ਗਾਂਧੀ ਨਾਲ ਗੱਲਬਾਤ ਦੌਰਾਨ ਸੱਤਿਆਪਾਲ ਮਲਿਕ ਨੇ ਮਨੀਪੁਰ ਹਿੰਸਾ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਉੱਤਰ ਪੂਰਬ ਸਥਿਰ ਸੀ। ਪਰ ਉਨ੍ਹਾਂ (ਕੇਂਦਰੀ ਅਤੇ ਰਾਜ ਸਰਕਾਰ) ਨੇ ਇਸ ਨੂੰ ਅਸਥਿਰ ਕਰ ਦਿੱਤਾ ਹੈ। ਇਹ ਲਗਭਗ ਛੇ ਮਹੀਨਿਆਂ ਦੀ ਗੱਲ ਹੈ, ਮੈਂ ਇਹ ਲਿਖਕੇ ਦੇ ਰਿਹਾ ਹਾਂ ਕਿ ਇਹ ਸੱਤਾ ਵਿੱਚ ਨਹੀਂ ਆਉਣਗੇ।

ਅਗਲੇ ਸਾਲ 2024 ਵਿੱਚ ਲੋਕ ਸਭਾ ਚੋਣਾਂ ਹਨ। ਇੱਕ ਪਾਸੇ ਭਾਜਪਾ ਦੀ ਅਗਵਾਈ ਵਾਲਾ ਰਾਸ਼ਟਰੀ ਜਮਹੂਰੀ ਗਠਜੋੜ ਹੈ ਅਤੇ ਦੂਜੇ ਪਾਸੇ ਕਾਂਗਰਸ, ਟੀਐਮਸੀ ਅਤੇ ਜੇਡੀਯੂ ਅਤੇ ਹੋਰ ਵਿਰੋਧੀ ਪਾਰਟੀਆਂ ਦਾ ਗਠਜੋੜ 'ਭਾਰਤ' ਹੈ।

ਇਸ ਦੌਰਾਨ ਰਾਹੁਲ ਗਾਂਧੀ ਨੇ ਸਵਾਲ ਕੀਤਾ ਕਿ ਜਦੋਂ ਤੁਸੀਂ (ਸਤਿਆਪਾਲ ਮਲਿਕ) ਜੰਮੂ-ਕਸ਼ਮੀਰ ਵਿੱਚ ਸੀ, ਉਹ ਬਹੁਤ ਗੁੰਝਲਦਾਰ ਸਮਾਂ ਸੀ। ਇਸ ਬਾਰੇ ਤੁਹਾਡੀ ਕੀ ਰਾਏ ਹੈ? ਸਤਿਆਪਾਲ ਮਲਿਕ ਨੇ ਕਿਹਾ ਕਿ ਤੁਸੀਂ ਬਲ ਜਾਂ ਫੌਜ ਨਾਲ ਜੰਮੂ-ਕਸ਼ਮੀਰ ਨੂੰ ਠੀਕ ਨਹੀਂ ਕਰ ਸਕਦੇ। ਤੁਸੀਂ ਇੱਥੋਂ ਦੇ ਲੋਕਾਂ ਨੂੰ ਜਿੱਤ ਕੇ ਕੁਝ ਵੀ ਕਰ ਸਕਦੇ ਹੋ। ਸਮੱਸਿਆ ਦੇ ਹੱਲ ਲਈ ਪਹਿਲਾਂ ਰਾਜ ਦਾ ਦਰਜਾ ਵਾਪਿਸ ਦਿੱਤਾ ਜਾਵੇ।

ਉਨ੍ਹਾਂ ਅੱਗੇ ਦਾਅਵਾ ਕੀਤਾ ਕਿ ਕੇਂਦਰ ਸਰਕਾਰ ਨੇ ਸ਼ਾਇਦ ਜੰਮੂ-ਕਸ਼ਮੀਰ ਨੂੰ ਕੇਂਦਰ ਸ਼ਾਸਤ ਪ੍ਰਦੇਸ਼ ਦਾ ਦਰਜਾ ਦਿੱਤਾ ਹੈ ਕਿਉਂਕਿ ਉਨ੍ਹਾਂ ਨੂੰ ਲੱਗਦਾ ਸੀ ਕਿ ਪੁਲਿਸ ਬਗਾਵਤ ਕਰ ਦੇਵੇਗੀ, ਪਰ ਪੁਲਿਸ ਸਰਕਾਰ ਪ੍ਰਤੀ ਵਫ਼ਾਦਾਰ ਰਹੀ ਹੈ। ਪੁਲਿਸ ਨੇ ਈਦ ਦੇ ਮਹੀਨੇ ਛੁੱਟੀ ਵੀ ਨਹੀਂ ਲਈ। ਅਜਿਹੀ ਸਥਿਤੀ ਵਿੱਚ ਰਾਜ ਦਾ ਦਰਜਾ ਦੇ ਕੇ ਚੋਣਾਂ ਕਰਵਾਈਆਂ ਜਾਣੀਆਂ ਚਾਹੀਦੀਆਂ ਹਨ।

ਰਾਹੁਲ ਗਾਂਧੀ ਨੇ ਕਿਹਾ ਕਿ ਜਦੋਂ ਮੈਂ ਜੰਮੂ-ਕਸ਼ਮੀਰ ਗਿਆ ਤਾਂ ਮੈਨੂੰ ਵੀ ਲੱਗਾ ਕਿ ਲੋਕ ਰਾਜ ਦਾ ਦਰਜਾ ਖੋਹਣ ਤੋਂ ਖੁਸ਼ ਨਹੀਂ ਹਨ। ਸਤਿਆਪਾਲ ਮਲਿਕ ਨੇ ਕਿਹਾ ਕਿ ਜਦੋਂ ਮੈਂ ਕੇਂਦਰ ਸਰਕਾਰ ਨੂੰ ਰਾਜ ਦਾ ਦਰਜਾ ਦੇਣ ਲਈ ਕਿਹਾ ਤਾਂ ਉਨ੍ਹਾਂ ਕਿਹਾ ਕਿ ਸਭ ਕੁਝ ਠੀਕ ਹੈ।

# ਬਹੁਰਾਸ਼ਟਰੀ ਆਈਟੀ ਕੰਪਨੀ ਐਮਡੌਕਸ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ 32 ਵਿਦਿਆਰਥੀਆਂ ਦੀ ਨੌਕਰੀਆਂ ਲਈ ਚੋਣ

ਅੰਮ੍ਰਿਤਸਰ, 25 ਅਕਤੂਬਰ ( ਪੋਸਟ ਬਿਊਰੋ ): ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਜਸਪਾਲ ਸਿੰਘ ਸੰਧੂ ਦੀ ਯੋਗ ਅਗਵਾਈ ਅਤੇ ਯੂਨੀਵਰਸਿਟੀ ਦੇ ਡਾਇਰੈਕਟੋਰੇਟ ਆਫ ਪਲੇਸਮੈਂਟ ਐਂਡ ਕਰੀਅਰ ਐਨਹਾਂਸਮੈਂਟ ਦੀ ਯੋਗ ਅਗਵਾਈ ਹੇਠ ਯੂਨੀਵਰਸਿਟੀ ਵਿਖੇ ਬਹੁਰਾਸ਼ਟਰੀ ਆਈ.ਟੀ ਕੰਪਨੀ ਐਮਡੌਕਸ ਵੱਲੋਂ ਕੈਂਪਸ ਪਲੇਸਮੈਂਟ ਡਰਾਈਵ ਦਾ ਆਯੋਜਨ ਕਰਦਿਆਂ 32 ਵਿਦਿਆਰਥੀਆਂ ਨੂੰ 6 ਲੱਖ ਰੁਪਏ ਪ੍ਰਤੀ ਸਾਲ ਤਨਖਾਹ ਪੈਕੇਜ ਤੇ ਚੁਣਿਆ ਗਿਆ।



ਐਮਡੌਕਸ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਬੀ.ਟੈਕ ਦੇ ਅੰਤਮ ਸਾਲ ਦੇ ਵਿਦਿਆਰਥੀਆਂ ਦੇ ਔਨਲਾਈਨ ਟੈਸਟ, ਤਕਨੀਕੀ ਅਤੇ ਐਚਆਰ ਇੰਟਰਵਿਊ ਦਾ ਆਯੋਜਨ ਕੀਤਾ। ਇਨ੍ਹਾਂ ਵਿਚ ਕੰਪਿਊਟਰ ਸਾਇੰਸ, ਬੀ.ਟੈਕ. ਕੰਪਿਊਟਰ ਇੰਜੀ., ਬੀ.ਟੈਕ. - ਇਲੈਕਟ੍ਰੋਨਿਕਸ, ਬੀ.ਟੈਕ. ਇਲੈਕਟ੍ਰਾਨਿਕਸ ਅਤੇ ਕੰਪਿਊਟਰ ਇੰਜੀ., ਅਤੇ ਐਮ.ਸੀ.ਏ. ਦੇ ਮੁੱਖ ਕੈਂਪਸ ਅੰਮ੍ਰਿਤਸਰ ਦੇ ਨਾਲ-ਨਾਲ ਖੇਤਰੀ ਕੈਂਪਸ ਜਲੰਧਰ ਨਾਲ ਸਬੰਧਤ ਵਿਦਿਆਰਥੀ ਸ਼ਾਮਿਲ ਸਨ।

ਐਮਡੌਕਸ ਇੱਕ ਬਹੁ-ਰਾਸ਼ਟਰੀ ਕਾਰਪੋਰੇਸ਼ਨ ਹੈ ਜਿਸਦੀ ਸਥਾਪਨਾ ਇਜ਼ਰਾਈਲ ਵਿੱਚ ਕੀਤੀ ਗਈ ਸੀ ਅਤੇ ਵਰਤਮਾਨ ਵਿੱਚ ਚੈਸਟਰਫੀਲਡ, ਦੁਨੀਆ ਭਰ ਵਿੱਚ ਸਥਿਤ ਸਹਾਇਤਾ ਅਤੇ ਵਿਕਾਸ ਕੇਂਦਰਾਂ ਦੇ ਨਾਲ ਮਿਸੌਰੀ ਵਿੱਚ ਹੈਡਕੁਆਰਟਰ ਹੈ। ਵਿੱਤੀ ਸਾਲ 2022 ਵਿੱਚ ਕੰਪਨੀ ਦੀ ਕੁੱਲ ਆਮਦਨ 4.58 ਬਿਲੀਅਨ ਡਾਲਰ ਹੈ। ਕੰਪਨੀ ਇੱਕ ਦਹਾਕੇ ਤੋਂ ਵੱਧ ਸਮੇਂ ਤੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦਾ ਦੌਰਾ ਕਰ ਰਹੀ ਹੈ ਅਤੇ ਚੰਗੀ ਸੰਖਿਆ ਵਿੱਚ ਵਿਦਿਆਰਥੀਆਂ ਨੂੰ ਨੌਕਰੀਆਂ ਦੀ ਪੇਸ਼ਕਸ਼ ਦੇ ਰਹੀ ਹੈ।

ਵਾਈਸ ਚਾਂਸਲਰ ਡਾ. ਜਸਪਾਲ ਸਿੰਘ ਸੰਧੂ ਨੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਦੋਵਾਂ ਨੂੰ ਐਮਡੌਕਸ ਵੱਲੋਂ ਨੌਕਰੀਆਂ ਦੀਆਂ ਸ਼ਾਨਦਾਰ ਪੇਸ਼ਕਸ਼ਾਂ ਲਈ ਨਿੱਘੀ ਵਧਾਈ ਦਿੱਤੀ। ਡਾ. ਬੀ.ਐਸ. ਬਾਜਵਾ, ਡੀਨ ਅਕਾਦਮਿਕ ਮਾਮਲੇ ਨੇ ਉੱਚ-ਪੱਧਰੀ ਕਾਰਪੋਰੇਟ ਸੰਸਥਾਵਾਂ ਨਾਲ ਸੰਪਰਕ ਬਣਾਉਣ ਲਈ ਪਲੇਸਮੈਂਟ ਅਤੇ ਕੈਰੀਅਰ ਇਨਹਾਂਸਮੈਂਟ ਡਾਇਰੈਕਟੋਰੇਟ ਦੇ ਮਿਹਨਤੀ ਯਤਨਾਂ ਦੀ ਪ੍ਰਸ਼ੰਸਾ ਕਰਦਿਆਂ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਕੇ.ਐਸ. ਕਾਹਲੋਂ ਨੇ ਜ਼ੋਰ ਦੇ ਕੇ ਕਿਹਾ ਕਿ ਕਾਰਪੋਰੇਟ ਜਗਤ ਵਿੱਚ ਯੂਨੀਵਰਸਿਟੀ ਵਿਦਿਆਰਥੀਆਂ ਦੀ ਉੱਚ ਮੰਗ ਯੂਨੀਵਰਸਿਟੀ ਵਿਖੇ ਉਪਲਬਧ ਵਿਸ਼ਵ ਪੱਧਰੀ ਬੁਨਿਆਦੀ ਢਾਂਚੇ ਅਤੇ ਅਤਿ-ਆਧੁਨਿਕ ਸਹੂਲਤਾਂ ਦਾ ਪ੍ਰਮਾਣ ਹੈ। ਡਾ. ਅਮਿਤ ਚੋਪੜਾ, ਡਾਇਰੈਕਟੋਰੇਟ ਆਫ਼ ਪਲੇਸਮੈਂਟ ਅਤੇ ਕਰੀਅਰ ਐਨਹਾਂਸਮੈਂਟ ਦੇ ਡਾਇਰੈਕਟਰ ਨੇ ਵਰਸਿਟੀ ਵਿਚ ਭਵਿੱਖ ਵਿਚ ਵੀ ਚੰਗੀਆਂ ਕੰਪਨੀਆਂ ਦੇ ਆਉਣ ਦੀ ਸੰਭਾਵਨਾ ਹੈ।






ਕੈਨੇਡੀਅਨ ਪੰਜਾਬੀ ਪੋਸਟ — Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 33-year-old son. Doing business in Ontario and Winnipeg. Canadian citizen, Height: 5''10', Active in Real Estate and Financing Business. Well settled family living in canada from 16 years.
Call: 204-510-7658 or 519-917-5055

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com










# ਐਸੋਸੀਏਸ਼ਨ ਆਫ ਸੀਨੀਅਰਜ਼ ਕਲੱਬਜ਼ ਬਰੈਂਪਟਨ ਨੇ ਸੀਨੀਅਰਜ਼ ਨਾਲ ਬਦਸਲੂਕੀ ਦੀ ਸਮੱਸਿਆ 'ਤੇ ਕਰਵਾਇਆ ਸੈਮੀਨਾਰ






ਬਰੈਂਪਟਨ: (ਮਹਿੰਦਰ ਸਿੰਘ ਮੋਹੀ): ਐਸੋਸੀਏਸ਼ਨ ਆਫ ਸੀਨੀਅਰਜ ਕਲੱਬਜ ਵਲੋਂ, ਸੀਨੀਅਰਜ ਦੀ ਸਰੀਰਕ ਤੇ ਮਾਨਸਿਕ ਅਰੋਗਤਾ ਨੂੰ ਬਰਕਰਾਰ ਰੱਖਣ ਲਈ ਵਖ ਵਖ ਵਿਸ਼ੇ ਦੇ ਮਾਹਿਰ ਪ੍ਰੋਫੈਸ਼ਨਲ ਵਲੋਂ ਸੈਮੀਨਾਰ ਕਰਨ ਦਾ ਲੜੀ ਬੇਰੋਕ ਜਾਰੀ ਹੈ। ਜੰਗੀਰ ਸਿੰਘ ਸੈਂਬੀ ਦੀ ਅਗਵਾਈ ਵਿੱਚ ਅਤੇ ਸਾਰੇ ਅਗਜ਼ੈਕਟਿਵ ਦੇ ਅਹੁਦੇਦਾਰਾਂ ਦੇ ਸਹਿਯੋਗ ਨਾਲ ਬਰੈਂਪਟਨ ਦੇ ਲਗਭਗ ਸਾਰੇ ਖੇਤਰਾਂ ਵਿੱਚ ਹੋ ਰਹੇ ਇਹਨਾਂ ਸਮਾਗਮਾਂ ਨੂੰ ਸੀਨੀਅਰਜ ਦਾ ਭਰਪੂਰ ਸਹਿਯੋਗ ਮਿਲ ਰਿਹਾ ਹੈ। ਪਿਛਲੇ ਸਨਿਚਰਵਾਰ ਨੂੰ ਸੂਸਨ ਫੈਨਲ ਸਪੋਰਟਸਪਲੈਕਸ ਵਿੱਚ ਸੀਨੀਅਰਜ ਨਾਲ, ਜੁਰਮ ਦੀ ਹਦ ਤੱਕ ਦੁਰਵਿਵਹਾਰ ਤੇ ਇਸ ਦੀ ਰੋਕਥਾਮ ਦੇ ਮਹਤਵਪੂਰਣ ਵਿਸ਼ੇ ਤੇ ਸਫਲ ਸੈਮੀਨਾਰ ਹੋਇਆ। ਪੁਲੀਸ ਅਫਸਰ ਸਟੀਵ ਫੋਸਟਰ ਜੋ ਆਪਣੇ ਡਿਪਾਰਟਮੈਂਟ ਵਿੱਚ ਇਸ ਵਿਸ਼ੇ ਦੇ ਪ੍ਰਮੁੱਖ ਇੰਚਾਰਜ ਹਨ,ਨੇ ਭਾਸ਼ਾ ਤੇ ਟਰਾਂਸਲੇਸ਼ਨ ਦੀ ਮੁਸ਼ਕਿਲ ਕਾਰਨ ਪੰਜਾਬੀ ਭਾਸ਼ਾ 'ਚ ਨਿਪੁੰਨ ਪੁਲੀਸ ਅਫਸਰ ਲਵਜੀਤ ਸਿੰਘ ਬੈਂਸ ਨੂੰ ਗਾਈਡ ਲਾਈਨ ਦੇ ਕੇ ਸੈਮੀਨਾਰ ਵਿੱਚ ਸੀਨੀਅਰਜ ਦੀ ਇਸ ਸਮੱਸਿਆ ਬਾਰੇ ਵਿਸਥਾਰ ਨਾਲ ਜਾਣਕਾਰੀ ਦੇਣ ਲਈ ਨਿਯੁਕਤ ਕੀਤਾ । ਸਭ ਤੋਂ ਪਹਿਲਾ ਪ੍ਰੋ ਨਿਰਮਲ ਸਿੰਘ ਧਾਰਨੀ ਨੇ ਆਪਣੇ ਤਜਰਬੇ 'ਚੋਂ ਸੀਨੀਅਰਜ ਨੂੰ ਇਕੱਲਤਾ ਨੂੰ ਦੂਰ ਕਰਨ ਤੇ ਡਿਪ੍ਰੈਸ਼ਨ ਤੋਂ ਬਚਣ ਲਈ ਚੰਗੇ ਸੂਝਵਾਨ ਲਿਖਾਰੀਆਂ ਦੀਆ ਸਹਿਤਕ ਕਿਤਾਬਾਂ ਪੜਨ ਦਾ ਸੁਨੇਹਾ ਦਿਤਾ। ਹਰਚੰਦ ਸਿੰਘ ਬਾਸੀ ਨੇ ਸੀਨੀਅਰਜ ਨੂੰ ਹਾਂ ਪੱਖੀ ਸੋਚ ਅਪਣਾਉਣ ਤੇ ਘਰਾਂ 'ਚੋਂ ਬਾਹਰ ਨਿਕਲ ਕੇ ਸਰੀਰਕ ਤੇ ਮਾਨਸਿਕ ਤੌਰ ਤੇ ਸਰਗਰਮ ਰਹਿਣ ਦੀ ਪਰੇਰਨਾ ਦਿੱਤੀ। ਇਸ ਤੋਂ ਪਿਛੋਂ ਮਹਿੰਦਰ ਸਿੰਘ ਮੋਹੀ ਜੋ ਸਟੇਜ ਸੰਚਾਲਨ ਦੀ ਜਿੰਮੇਵਾਰੀ ਵੀ ਨਿਭਾ ਰਹੇ ਸਨ ਨੇ ਸੀਨੀਅਰਜ ਨੂੰ ਪਾਰਕਾਂ ਤੇ ਹੋਰ ਪਬਲਿਕ ਥਾਵਾਂ ਤੇ ਵਿਚਾਰ ਵਟਾਂਦਰਾ ਤਰਕ ਤੇ ਦਲੀਲ ਨਾਲ ਕਰਦਿਆ, ਦੂਜੇ ਦੇ ਵਿਚਾਰ ਵੀ ਧਿਆਨ ਨਾਲ ਸੁਣ ਕੇ, ਉਸਾਰੂ ਬਹਿਸ ਨਾਲ, ਆਮ ਸਹਿਮਤੀ ਵਾਲੇ ਫੈਸਲੇ ਕਰਨ ਵਾਲੇ ਪਾਸੇ ਤੁਰਨ ਲਈ ਕਿਹਾ। ਅਖੀਰ ਵਿੱਚ ਇਸ ਸੈਮੀਨਾਰ ਦੇ ਮੁੱਖ ਬੁਲਾਰੇ ਪੁਲੀਸ ਅਫਸਰ ਲਵਜੀਤ ਸਿੰਘ ਬੈਂਸ ਦੀ ਬਾਰੀ ਆਈ,ਜਿੰਨਾ ਦੇ ਵਿਚਾਰਾਂ ਨੂੰ ਸੁਣਨ ਲਈ ਵੱਡੀ ਗਿਣਤੀ ਵਿੱਚ ਸੀਨੀਅਰਜ ਉਤਸੁਕਤਾ ਨਾਲ ਉਡੀਕ ਰਹੇ ਸਨ। ਉਹਨਾ ਨੇ ਲੱਗਭਗ ਡੇਢ ਘੰਟਾ ਸੀਨੀਅਰਜ ਨਾਲ ਬਦਸਲੂਕੀ, ਫਰਾਡ, ਸਰੀਰਕ ਤੇ ਮਾਨਸਿਕ ਤਸ਼ੱਦਦ ਬਾਰੇ ਆਪਣੇ ਡਿਪਾਰਟਮੈਂਟ ਵਿਚੋਂ ਉਦਾਹਰਣਾ ਦੇਕੇ ਆਪਣੇ ਵਿਚਾਰ ਪੇਸ਼ ਕੀਤੇ। ਉਹਨਾਂ ਦੀ ਇਸ ਗੰਭੀਰ ਸਮੱਸਿਆ ਬਾਰੇ ਪੇਸ਼ਕਾਰੀ ਸਚਮੁੱਚ ਕਮਾਲ ਦੀ ਸੀ ਜੋ ਇਕ ਤਰਾਂ ਨਾਲ ਸਰੋਤਿਆ ਨਾਲ ਸੰਵਾਦ ਰਚਾਉਣ ਵਾਂਗ ਸੀ। ਉਹਨਾਂ ਨੇ ਐਮਰਜੈਂਸੀ ਕਾਲ ਦੀ ਵਿਆਖਿਆ ਕਰਦਿਆ 911 ਤੇ ਕਾਲ ਕਰਨ ਜਾਂ ਨਾ ਕਰਨ ਬਾਰੇ ਮਹਤਵਪੂਰਣ ਜਾਣਕਾਰੀ ਦਿੱਤੀ। ਉਹਨਾ ਨੇ ਸੀਨੀਅਰਜ ਵਲੋਂ ਆਪਣੇ ਸ਼ੰਕੇ ਦੂਰ ਕਰਨ ਲਈ ਪੁਛੇ ਪ੍ਰਸ਼ਨਾ ਦੇ ਵਿਸਥਾਰ ਨਾਲ ਉਤਰ ਦੇਕੇ ਹਰ ਇਕ ਨੂੰ ਸੰਤੁਸ਼ਟ ਕੀਤਾ। ਇਸ ਤੋ ਇਲਾਵਾ ਆਰਥਿਕ ਅਪਰਾਧੀਆਂ ਵਲੋਂ ਫੋਨ ਰਾਹੀਂ ਫਰਾਡ ਕਰਨ ਤੋਂ ਬਚਣ ਲਈ ਨੁਕਤੇ ਸਾਝੇ ਕੀਤੇ। ਅਖੀਰ ਵਿੱਚ ਐਸੋਸੀਏਸ਼ਨ ਦੇ ਪ੍ਰਧਾਨ ਜੰਗੀਰ ਸਿੰਘ ਸੈਂਬੀ ਵਲੋਂ ਇਸ ਸੀਜਨ ਦੇ ਇਸ ਆਖਰੀ ਸੈਮੀਨਾਰ ਵਿੱਚ ਪਹੁੰਚਣ ਤੇ ਸਾਰੀਆਂ ਸੀਨੀਅਰ ਕਲੱਬਾਂ ਦੇ ਸਮੂਹ ਪ੍ਰਧਾਨਾਂ, ਤੇ ਖਾਸਕਰ ਇਥੋਂ ਦੀ ਕਲੱਬ ਦੇ ਪ੍ਰਧਾਨ ਮੱਘਰ ਸਿੰਘ ਤੇ ਹੋਰ ਅਹੁਦੇਦਾਰਾਂ ਸਮੇਤ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ। ਸੁਆਦਲੇ ਪਰ ਬਿਨਾ ਤਲੇ, ਮਿਠਾਸ ਰਹਿਤ, ਹੈਲਥੀ ਭੋਜਨ ਦਾ ਅਨੰਦ ਮਾਣ ਰਹੇ ਸੀਨੀਅਰਜ ਪ੍ਰਬੰਧਕਾਂ ਨੂੰ ਇਸ ਗਿਆਨ ਭਰਪੂਰ ਸੈਮੀਨਾਰ ਦਾ ਆਯੋਜਨ ਕਰਨ ਤੇ ਵਾਰ-ਵਾਰ ਵਧਾਈ ਦੇ ਰਹੇ ਸਨ। ਸੈਮੀਨਾਰ ਨੂੰ ਕਾਮਯਾਬ ਕਰਨ ਲਈ ਐਸੋਸੀਏਸ਼ਨ ਦੇ ਪ੍ਰਧਾਨ ਜੰਗੀਰ ਸਿੰਘ ਸੈਂਬੀ, ਉਪ ਪ੍ਰਧਾਨ ਰਣਜੀਤ ਸਿੰਘ ਤਗੜ, ਕੈਸ਼ੀਅਰ ਅਮਰੀਕ ਸਿੰਘ ਕੁਮਰੀਆ, ਮੀਡੀਆ ਐਡਵਾਈਜ਼ਰ ਮਹਿੰਦਰ ਸਿੰਘ ਮੋਹੀ ਤੇ ਡਰੈਕਟਰ ਇਕਬਾਲ ਸਿੰਘ ਵਿਰਕ ਲਗਾਤਾਰ ਹਾਜਰ ਰਹੇ।






# ਮੈਨੂਅਲ ਸਕਵੈਂਜਰ ਐਕਟ ਅਤੇ ਅਨੁਸੂਚਿਤ ਜਾਤੀਆਂ ਤੇ ਅਤਿਆਚਾਰ ਰੋਕਥਾਮ ਐਕਟ ਤਹਿਤ ਮੀਟਿੰਗ ਦਾ ਆਯੋਜਨ



ਫਰੀਦਕੋਟ, 25 ਅਕਤੂਬਰ (ਗਿਆਨ ਸਿੰਘ): ਜ਼ਿਲ੍ਹਾ ਪੱਧਰੀ ਮੈਨੂਅਲ ਸਕਵੈਂਜਰ ਐਕਟ ਅਤੇ ਅਨੁਸੂਚਿਤ ਜਾਤੀਆਂ ਤੇ ਅਤਿਆਚਾਰ ਰੋਕਥਾਮ ਐਕਟ 1989 ਤਹਿਤ ਮੀਟਿੰਗ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਆਈ.ਏ.ਐਸ ਦੀ ਪ੍ਰਧਾਨਗੀ ਹੇਠ ਹੋਈ।


ਮੈਨੂਅਲ ਸਕਵੈਂਜਰ ਐਕਟ 2013 ਅਧੀਨ ਬਣਾਈ ਗਈ ਜਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਵਿੱਚ ਸਫਾਈ ਕਰਮਚਾਰੀਆਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਤੇ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਆਦੇਸ਼ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਰਕਾਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਪਹਿਲ ਤੇ ਆਧਾਰ ਤੇ ਕੈਂਪ ਲਗਾ ਕਰੇ ਹੱਲ ਕਰਨ ਦੇ ਆਦੇਸ਼ ਦਿੱਤੇ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸ਼ਹਿਰ ਵਿੱਚ ਵੱਖ-ਵੱਖ ਥਾਵਾਂ ਤੇ ਸਫਾਈ ਕਰਮਚਾਰੀਆਂ ਅਤੇ ਸੀਵਰੇਜ਼ ਕਰਮਚਾਰੀਆਂ ਨੂੰ ਆਉਣ ਵਾਲੀਆਂ ਮੁਸ਼ਕਿਲਾਂ ਸਬੰਧੀ ਸਕਰੀਨ ਚੈਂਬਰ ਬਣਾਉਣ ਅਤੇ ਸਫਾਈ ਕਰਮਚਾਰੀਆਂ ਦੀ ਸਿਹਤ ਦੀ ਚੈਕਅੱਪ ਲਈ ਲਗਾਤਾਰ ਮੈਡੀਕਲ ਕੈਂਪ ਲਗਾਉਣ ਹੈਲਥ ਕਾਰਡ ਬਣਾਉਣ ਅਤੇ ਸਾਰੇ ਸਫਾਈ ਕਰਮਚਾਰੀਆਂ ਦੇ ਬੀਮਾ ਆਦੇਸ਼ ਦਿੱਤੇ ਗਏ। ਇਸ ਮੌਕੇ ਜਿਲ੍ਹਾ ਸਮਾਜਿਕ ਨਿਆਂ ਅਧਿਕਾਰਤਾ ਅਫਸਰ ਗੁਰਮੀਤ ਸਿੰਘ, ਜ਼ਿਲ੍ਹਾ ਸਿੱਖਿਆ ਅਫਸਰ ਮੇਵਾ ਸਿੰਘ ਸਿੱਧੂ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।














LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

**Call: 416.524.6704**
**www.hkmovers.ca**

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017